ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਪੰਜਾਬ।
(ਕੰਪਲੈਕਸ ਪੰਜਾਬ ਸਕੂਲ ਐਜੂਕੇਸ਼ਨ ਬੋਰਡ, ਫੇਜ਼-8, ਬਲਾਕ-ਈ, ਐਸ.ਏ.ਐਸ. ਨਗਰ)

## ਪਬਲਿਕ ਨੋਟਿਸ

ਨੰਃ 831606/11 ਮਿਤੀਃ 10-04-2026

1. ਸਿੱਖਿਆ ਵਿਭਾਗ ਵੱਲੋਂ ਪੰਜਾਬ ਰਾਜ ਦੇ ਬਾਰਡਰ ਏਰੀਏ ਦੇ ਪ੍ਰਾਇਮਰੀ ਸਕੂਲਾਂ ਵਿੱਚ ਈ ਟੀ ਟੀ ਕਾਡਰ ਦੀਆਂ 1664 ਅਸਾਮੀਆਂ ਭਰਨ ਲਈ ਮਿਤੀ 06-03-2020 ਨੂੰ ਵਿਗਿਆਪਨ ਪ੍ਰਕਾਸਿਤ ਕੀਤਾ ਗਿਆ ਸੀ। ਇਹਨਾਂ ਵਿਗਿਆਪਤ ਕੀਤੀਆ ਅਸਾਮੀਆਂ ਵਿੱਚ 700 ਅਸਾਮੀਆਂ ਦਾ ਹੋਰ ਵਾਧਾ ਕਰਦੇ ਹੋਏ (1664+700=2364) ਮਿਤੀ 23-06-2020 ਨੂੰ ਸੋਧ ਪੱਤਰ ਜਾਰੀ ਕੀਤਾ ਗਿਆ।

2 2364 ਭਰਤੀ ਅਧੀਨ ਸਿੱਖਿਆ ਭਰਤੀ ਡਾਇਰੈਕਟੋਰੇਟ ਵੱਲੋਂ ਮਿਤੀ 18-03-2026 ਨੂੰ ਵੱਖ-ਵੱਖ ਕੈਟਾਗਰੀਆਂ ਦੇ 604 {OPEN against Gen ESM - 105, Open against Gen Sports-31, BC against BC ESM-28, SC(R&O) against SC(R&O) ESM-30, SC(R&O) against SC(M&B)-368, SC(R&O) againstSC(M&B) ESM-33, SC(R&O)against SC(M&B)Sports-9} ਉਮੀਦਵਾਰਾਂ ਦੀ ਪ੍ਰੋਵੀਜਨਲ ਸਿਲੈਕਸਨ ਸੂਚੀ ਜਾਰੀ ਕੀਤੀ। ਇਹ ਪ੍ਰੋਵੀਜਨਲ ਸਿਲੈਕਸਨ ਸੂਚੀ ਵਿਭਾਗ ਦੀ ਵੈਬਸਾਈਟ ਤੇ ਅਪਲੋਡ ਕੀਤੀ ਗਈ ਸੀ।

3. ਉਕਤ ਜਾਰੀ ਪ੍ਰੋਵੀਜਨਲ ਸਿਲੈਕਸ਼ਨ ਸੂਚੀ ਵਿਚਲੇ 588 ਯੋਗ ਉਮੀਦਵਾਰਾਂ ਨੂੰ ਸਟੇਸ਼ਨ ਅਲਾਟਮੈਂਟ ਦੇ ਮੰਤਵ ਲਈ ਆਨ ਲਾਈਨ ਪੋਰਟਲ ਰਾਹੀਂ ਸਟੇਸ਼ਨ ਚੋਣ ਕਰਵਾਈ ਜਾਣੀ ਹੈ, ਪੋਰਟਲ ਮਿਤੀ 13.04.2026 ਤੋਂ ਮਿਤੀ 15.04.2026 ਤੱਕ ਖੁੱਲ੍ਹਾ ਰਹੇਗਾ। ਉਮੀਦਵਾਰਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਕਤ ਸਡਿਊਲ ਅਨੁਸਾਰ ਆਪਣੀ ਪਸੰਦ ਦੇ ਸਟੇਸ਼ਨ ਚੋਣ ਕਰਨੇ ਯਕੀਨੀ ਬਣਾਉਣ। ਹਰੇਕ ਉਮੀਦਵਾਰ ਆਪਣੀ ਆਈ.ਡੀ ਵਿੱਚ ਸੋਅ ਹੋ ਰਹੀ ਵੈਕੰਸੀ ਲਿਸਟ ਵਿੱਚੋਂ ਆਪਣੀ ਪਸੰਦ ਦੇ ਜਿੰਨੇ ਮਰਜੀ ਸਟੇਸ਼ਨਾਂ ਦੀ ਆਪਸਨ ਆਪਣੀ ਆਈ.ਡੀ ਵਿੱਚ ਭਰ ਸਕਦੇ ਹਨ। ਇਹ ਪ੍ਰਕਿਰਿਆਂ ਸਮੁੱਚੇ ਰੂਪ ਵਿੱਚ ਆਨਲਾਈਨ ਹੀ ਹੋਵੇਗੀ। ਜਿਹੜੇ ਯੋਗ ਉਮੀਦਵਾਰ ਸਟੇਸ਼ਨ ਚੋਣ ਨਹੀਂ ਕਰਨਗੇ, ਉਹਨਾਂ ਨੂੰ ਵੈਕੰਸੀ ਲਿਸਟ ਵਿੱਚ ਖਾਲੀ ਰਹਿੰਦੇ ਸਟੇਸ਼ਨਾਂ ਵਿੱਚੋਂ ਕੋਈ ਇੱਕ ਸਟੇਸ਼ਨ ਆਨਲਾਈਨ ਪ੍ਰਕਿਰਿਆ ਤਹਿਤ ਐਮ.ਆਈ.ਐਸ ਸਾਖਾ ਵੱਲੋਂ ਅਲਾਟ ਕਰ ਦਿੱਤਾ ਜਾਵੇਗਾ, ਜਿਸ ਨੂੰ ਮੁੜ ਬਦਲਿਆ ਨਹੀਂ ਜਾਵੇਗਾ।

4. ਇਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ ਜੋ ਉਮੀਦਵਾਰ 6635 ਜਾਂ 5994 ਭਰਤੀਆਂ ਅਧੀਨ ਪਹਿਲਾਂ ਹੀ ਬਾਰਡਰ ਏਰੀਆ ਦੇ 6 ਜਿਲਿਆਂ ਵਿੱਚ ਨਿਯੁਕਤ ਹਨ ਅਤੇ ਬਤੌਰ ਈ ਟੀ ਟੀ ਟੀਚਰ ਕੰਮ ਕਰ ਰਹੇ ਹਨ, ਉਹ ਉਮੀਦਵਾਰ ਇਸ ਭਰਤੀ ਵਿੱਚ ਨਿਯੁਕਤੀ ਪੱਤਰ ਲੈਣ ਦੇ ਹੱਕਦਾਰ ਹੋਣਗੇ, ਪ੍ਰੰਤੂ ਇਹ 2364 ਭਰਤੀ ਮੁਤਾਬਿਕ ਨਵੀਂ ਨਿਯੁਕਤੀ ਮੰਨੀ ਜਾਵੇਗੀ ਅਤੇ ਇਸਦੇ ਆਧਾਰ ਤੇ ਹੀ ਸੀਨੀਆਰਤਾ ਫਿਕਸ ਕੀਤੀ ਜਾਵੇਗੀ।

ਸਹਾਇਕ ਡਾਇਰੈਕਟਰ (ਅਮਲਾ-2)